ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

ਸਰਕਾਰੀ ਤੇ ਪ੍ਰਾਈਵੇਟ ਸੰਪਤੀ ਨੂੰ ਨਸ਼ਟ ਹੋਣ ਤੋਂ ਬਚਾਉਣ ਲਈ ਗਸ਼ਤ ਦੇ ਹੁਕਮ

24 ਸਤੰਬਰ 2017 ਤੱਕ ਲਾਗੂ ਰਹਿਣਗੇ ਆਦੇਸ਼

ਫਾਜ਼ਿਲਕਾ 26 ਅਗਸਤ

ਜ਼ਿਲ੍ਹਾ ਮੈਜਿਸਟਰੇਟ ਸ੍ਰੀਮਤੀ ਈਸ਼ਾ ਕਾਲੀਆ ਨੇ ਐਕਟ 1918 ਦੀ ਧਾਰਾ 32 (1) ਅਧੀਨ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੁਕਮ ਜਾਰੀ ਕੀਤਾ ਹੈ ਕਿ ਜ਼ਿਲ੍ਹੇ ਅੰਦਰ ਅੰਤਰਰਾਸ਼ਟਰੀ ਬਾਰਡਰ ਸੀਮਾ ਦੇ 10 ਕਿਲੋਮੀਟਰ ਦੇ ਏਰੀਆ ਵਿੱਚ ਪੈਂਦੇ ਪਿੰਡਾਂ ਦੇ ਸਿਹਤਮੰਦ ਵਿਅਕਤੀਆਂ ਵੱਲੋਂ ਸਰਕਾਰੀ ਤੇ ਪ੍ਰਾਈਵੇਟ ਸੰਪਤੀ ਨੂੰ ਨੁਕਸਾਨ ਤੋਂ ਬਚਾਉਣ ਲਈ 24 ਘੰਟੇ ਪਹਿਰਾ ਲਗਾਉਣ ਦੇ ਆਦੇਸ਼ ਦਿੱਤੇ ਹਨ। ਇਹ ਹੁਕਮ 24 ਸਤੰਬਰ 2017 ਤੱਕ ਲਾਗੂ ਰਹਿਣਗੇ।

ਜ਼ਿਲ੍ਹਾ ਮੈਜਿਸਟਰੇਟ ਵੱਲੋਂ ਮੌਜੂਦਾਂ ਹਾਲਾਤਾਂ ਨੂੰ ਮੱਦੇਨਜ਼ਰ ਰੱਖਦੇ ਹੋਏ ਅੰਤਰਰਾਸ਼ਟਰੀ ਬਾਰਡਰ ਸੀਮਾ ਦੇ 10 ਕਿਲੋਮੀਟਰ ਦੇ ਏਰੀਆ ਅਧੀਨ ਪੈਂਦੇ ਪਿੰਡਾਂ ਦੇ ਸਿਹਤਮੰਦ ਵਿਅਕਤੀਆਂ ਵੱਲੋਂ ਗ੍ਰਾਮੀਣ ਬੈਂਕਾਂ, ਡਾਕਖਾਨੇ ਅਤੇ ਛੋਟੇ ਡਾਕਘਰਾਂ, ਰੇਲਵੇ ਸਟੇਸ਼ਨ, ਸਰਕਾਰੀ ਤੇ ਪ੍ਰਾਈਵੇਟ ਸੰਪਤੀ, ਨਹਿਰਾਂ ਦੇ ਕੰਢੇ ਅਤੇ ਖਾਸ ਤੌਰ 'ਤੇ ਬਿਜਲੀ ਦੇ ਖੰਬਿਆਂ ਨੂੰ ਤੋੜ ਫੋੜ ਨੂੰ ਬਚਾਉਣ ਲਈ 24 ਘੰਟੇ ਗਸ਼ਤ ਪਹਿਰਾ ਲਗਾਇਆ ਜਾਵੇ। ਉਨ੍ਹਾਂ ਨੇ ਹੁਕਮ ਦਿੱਤਾ ਕਿ ਹਰ ਪਿੰਡ ਦੀ ਪੰਚਾਇਤ ਵੱਲੋਂ ਐਕਟ ਦੀ ਧਾਰਾ (4.1) ਦੀ ਪੂਰੀ ਤਰਜਮਾਨੀ ਕਰਦਿਆਂ ਹੋਇਆ ਆਪਣੇ ਖੇਤਰਾਂ ਵਿੱਚ ਡਿਊਟੀ ਕਰਵਾਈ ਜਾਵੇ।